# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

### ਵਾਰਡ ਨੰ: 20 ਵਿੱਚ ਟਿਊਬਵੈਲ ਲਗਾਉਣ ਦੀ ਸੁਰੂਆਤ ਹੋਣ ਤੇ ਮੁਹੱਲਾ ਨਿਵਾਸੀਆਂ ਨੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਦਾ ਕੀਤਾ ਧੰਨਵਾਦ

ਹੁਸ਼ਿਆਰਪੁਰ 10 ਮਈ ਨਗਰ ਨਿਗਮ ਹੁਸ਼ਿਆਰਪੁਰ ਦੇ ਵਾਰਡ ਨੰ: 20 ਵਿਖੇ ਪੀਣ ਵਾਲੇ ਪਾਣੀ ਦੇ ਟਿਊਬਵੈਲ ਦੀ ਰੀਬੋਰਿੰਗ ਦਾ ਕੰਮ ਸੁਰੂ ਹੋਣ ਤੇ ਮੁਹੱਲਾ ਵਾਸੀਆਂ ਨੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਦਾ ਧੰਨਵਾਦ ਕੀਤਾ ਇਸ ਮੌਕੇ ਤੇ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਦੱਸਿਆ ਕਿ ਇਹ ਵਾਰਡ ਉਹਨਾਂ ਦਾ ਆਪਦਾ ਵਾਰਡ ਹੈ ਅਤੇ ਇਸ ਵਾਰਡ ਦੇ ਮੁਹੱਲਾ ਕੀਰਤੀ ਨਗਰ, ਮੁਹੱਲਾ ਗੁਰੂ ਗੋਬਿੰਦ ਸਿੰਘ ਨਗਰ ਅਤੇ ਨਿਊ ਦੀਪ ਨਗਰ ਦੇ ਨਿਵਾਸੀਆਂ ਵੱਲੋਂ ਪੀਣ ਵਾਲੇ ਪਾਣੀ ਦੀ ਕਮੀ ਨੂੰ ਦੂਰ ਕਰਨ ਲਈ ਕਾਫੀ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ ਕਿਉਂਕਿ ਇਸ ਮੁਹੱਲੇ ਦੇ ਟਿਊਬਵੈਲ ਦਾ ਬੋਰ ਖਰਾਬ ਹੋਣ ਕਾਰਨ ਪਾਣੀ ਦੀ ਸਪਲਾਈ ਠੀਕ ਨਹੀਂ ਹੋ ਰਹੀ ਸੀ ਇਸ ਲਈ ਵਾਰਡ ਵਾਸੀਆਂ ਨੂੰ ਮੰਗ ਨੂੰ ਦੇਖਦੇ ਹੋਏ ਵਾਰਡ ਨੰ: 20 ਵਿੱਚ ਟਿਊਬਵੈਲ ਦਾ ਰੀਬੋਰ ਕਰਾਉਣ ਦੀ ਸੁਰੂਆਤ ਕੀਤੀ ਜਾ ਰਹੀ ਹੈ ਉਹਨਾਂ ਦੱਸਿਆ ਕਿ ਇਸ ਦੇ ਸੁਰੂ ਹੋਣ ਨਾਲ ਵਾਰਡ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਰਹੇਗੀ।

ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵੇਲੇ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਵਿੱਚ 85 ਟਿਊਬਵੈਲ ਕੰਮ ਕਰ ਰਹੇ ਹਨ ਨਗਰ ਨਿਗਮ ਸ਼ਹਿਰ ਵਾਸੀਆਂ ਨੂੰ ਪੀਣ ਵਾਲਾ ਪਾਣੀ ਦੇਣ ਲਈ ਬਚੱਨਵੱਧ ਹੈ ਉਹਨਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਵੱਖ-ਵੱਖ ਵਾਰਡਾਂ ਦੇ ਕੌਂਸਲਰਾਂ ਦੀ ਮੰਗ ਅਨੁਸਾਰ ਨਵੇਂ ਟਿਊਬਵੈਲਾਂ ਦੇ ਟੈਂਡਰ ਲਗਾਏ ਸਨ ਜਿਹਨਾਂ ਵਿੱਚੋਂ ਪਿਛਲੇ ਦੋ ਸਾਲਾਂ ਵਿੱਚ 17 ਟਿਊਬਵੈਲ ਲਗਾ ਕੇ ਸ਼ਹਿਰ ਨਿਵਾਸੀਆਂ ਨੂੰ ਸਮਰਪਿਤ ਕਰ ਦਿੱਤੇ ਗਏ ਹਨ ਅਤੇ ਬਾਕੀ ਰਹਿੰਦੇ ਟਿਊਬਵੈਲ ਵੀ ਜਲਦ ਹੀ ਲਗਾਏ ਜਾ ਰਹੇ ਹਨ ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਰਹੇਗੀ। ਉਹਨਾਂ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਪੀਣ ਵਾਲੇ ਪਾਣੀ ਦੀ ਦੁਰਵਰਤੋ ਨਾ ਕਰਨ ਅਤੇ ਇਸ ਦੀ ਸੰਜਮ ਨਾਲ ਵਰਤੋ ਕਰਨ।

ਇਸ ਮੌਕੇ ਤੇ ਕੌਂਸਲਰ ਬਲਵਿੰਦਰ ਬਿੰਦੀ, ਮਨਜੀਤ ਸਿੰਘ ਰਾਏ, ਬਿਕਰਮਜੀਤ ਸਿੰਘ ਕਲਸੀ, ਹਰਪਿੰਦਰ ਸਿੰਘ ਗਿੱਲ, ਸੰਤੋਖ ਸਿੰਘ ਔਜਲਾ, ਦਰਸ਼ਨ ਸਿੰਘ, ਲਖਵੀਰ ਸਿੰਘ, ਗੁਰਪ੍ਰੀਤ ਸਿੰਘ, ਕੇਵਲ ਸਿੰਘ, ਕੁਲਵਿੰਦਰ ਸਿੰਘ, ਮੁਨੀਸ਼ ਕੁਮਾਰ, ਜਗੀਰ ਸੰਧੂ, ਰਾਮਵੀਰ, ਲਾਲ ਬਾਬੂ ਅਤੇ ਵਾਰਡ ਨੰ: 20 ਦੇ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।